ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਜ਼ਿਲਾ ਪੱਧਰੀ ਪੇਂਡੂ ਖੇਡ ਮੁਕਾਬਲੇ ਅਗਲੇ ਹੁਕਮਾਂ ਤੱਕ ਹੋਏ ਮੁਲਤਵੀ- ਜ਼ਿਲਾ ਖੇਡ ਅਫਸਰ

ਵਿਦਿਆਰਥੀਆਂ ਦੇ ਇਮਤਿਹਾਨਾਂ ਨੂੰ ਮੁੱਖ ਰੱਖ ਕੇ ਮੁਲੱਤਵੀ ਹੋਏ ਖੇਡ ਮੁਕਾਬਲੇ

ਐਮ.ਆਰ. ਕਾਲਜ ਦੇ ਖੇਡ ਸਟੇਡੀਅਮ ਵਿੱਚ ਹੋਣੀਆਂ ਸੀ ਪੇਂਡੂ ਖੇਡਾਂ

ਫਾਜ਼ਿਲਕਾ 14 ਸਤੰਬਰ

ਡਾਇਰੈਕਟਰ ਸਪੋਰਟਸ ਪੰਜਾਬ ਚੰਡੀਗੜ ਸ੍ਰੀਮਤੀ ਅੰਮ੍ਰਿਤਪਾਲ ਕੌਰ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਦੀ ਰਹਿਨੁਮਾਈ ਹੇਠ ਸਥਾਨਕ ਸਰਕਾਰੀ ਐਮ.ਆਰ.ਕਾਲਜ ਦੇ ਮਲਟੀਪਰਪਜ਼ ਖੇਡ ਸਟੇਡੀਅਮ 16 ਤੇ 17 ਸਤੰਬਰ ਨੂੰ ਹੋਣ ਵਾਲੀਆਂ ਜ਼ਿਲਾ ਪੱਧਰੀ ਪੇਂਡੂ ਖੇਡਾਂ ਅਗਲੇ ਹੁਕਮਾਂ ਤੱਕ ਮੁਲਤਵੀ ਕਰ ਦਿੱਤੀਆਂ ਗਈਆਂ ਹਨ। ਇਹ ਜਾਣਕਾਰੀ ਜ਼ਿਲਾ ਖੇਡ ਅਫਸਰ ਸ. ਬਲਵੰਤ ਸਿੰਘ ਨੇ ਦਿੱਤੀ।

ਜ਼ਿਲਾ ਖੇਡ ਅਫਸਰ ਨੇ ਦੱਸਿਆ ਕਿ ਖੇਡ ਤੇ ਯੂਵਕ ਸੇਵਾਵਾਂ ਵਿਭਾਗ ਦੇ ਸਹਿਯੋਗ ਨਾਲ ਜ਼ਿਲਾ ਪੱਧਰੀ ਪੇਂਡੂ ਖੇਡਾਂ ਅੰਡਰ 17 ਸਾਲ (ਲੜਕੇ/ਲੜਕੀਆਂ) ਐਮ.ਆਰ.ਕਾਲਜ ਦੇ ਮਲਟੀਪਰਪਸ ਖੇਡ ਸਟੇਡੀਅਮ ਵਿਖੇ ਕਰਵਾਈਆਂ ਜਾਣੀਆਂ ਸਨ। ਉਨਾਂ ਦੱਸਿਆ ਕਿ ਵਿਦਿਆਰਥੀਆਂ ਦੇ ਇਮਤਿਹਾਨਾਂ ਨੂੰ ਮੁੱਖ ਰੱਖਦਿਆਂ ਇਹ ਪੇਂਡੂ ਖੇਡ ਮੁਕਾਬਲੇ ਅਗਲੇ ਹੁਕਮਾਂ ਤੱਕ ਮੁਲਵਤੀ ਕਰ ਦਿੱਤੇ ਗਏ ਹਨ।